# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

# 18:20

**ਮਿਤੀ : 14-10-2026**

## ਪਹਿਲਾਂ ਇਸ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪੰਜਾਬ ਤੇ ਹਰਿਆਣਾ ਵਿਚ, ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।
- ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦਾ ਕਥਿਤ ਕਾਤਲ ਗਿਰਫ਼ਤਾਰ -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਇਸ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।
- BSF ਨੇ ਤਰਨਤਾਰਨ ਦੀ ਡਰੋਨ ਵਿਰੋਧੀ ਟੀਮ ਵਿੱਚ ਤਾਇਨਾਤ ਪੰਜਾਬ ਪੁਲਿਸ ਦੇ ਕਾਂਸਟੇਬਲ ਤੋਂ 15 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ I

- ਪੰਜਾਬ ਕਰ ਵਿਭਾਗ ਵਲੋਂ 429 ਕਰੋੜ ਰੁਪਏ ਦੇ ਜੀ.ਐਸ.ਟੀ. ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼-ਲੁਧਿਆਣਾ ਵਿੱਚ ਇੱਕ ਟਰਾਂਸਪੋਰਟਰ ਅਤੇ ਦੋ ਸਾਥੀਆਂ ਖ਼ਿਲਾਫ਼ ਮਾਮਲਾ ਦਰਜ I
- -ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ, ਅੱਜ ਹੈਦਰਾਬਾਦ ਵਿੱਚ ਸ਼ਾਮ 7 ਵਜੇ ਵਿੱਚ ਖੇਡਿਆ ਜਾਵੇਗਾ ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰ ਸਰਕਾਰ ਨੇ ਬੀਤੇ ਦਿਨੀ ਨਵੀਂ ਦਿੱਲੀ ਵਿੱਚ ਇੱਕ ਉੱਚ-ਪੱਧਰੀ ਅੰਤਰ-ਮੰਤਰਾਲਾ ਸਮੀਖਿਆ ਮੀਟਿੰਗ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮੌਜੂਦਾ ਝੋਨੇ ਦੇ ਵਾਢੀ ਸੀਜ਼ਨ ਦੌਰਾਨ ਪਰਾਲੀ ਪ੍ਰਬੰਧਨ ਪੂਰੀ ਤਰ੍ਹਾਂ ਕਾਰਜਸ਼ੀਲ ਏ। ਇਸ ਮੀਟਿੰਗ ਦੀ ਸਹਿ-ਪ੍ਰਧਾਨਗੀ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਕੀਤੀ। ਦੋਵਾਂ ਕੇਂਦਰੀ ਮੰਤਰੀਆਂ ਨੇ ਜ਼ਿਕਰ ਕੀਤਾ ਕਿ ਝੋਨੇ ਦੇ ਵਾਢੀ ਅਤੇ ਹਾੜੀ ਦੀਆਂ ਫਸਲਾਂ ਦੀ ਬਿਜਾਈ ਵਿਚਕਾਰ ਬਹੁਤ ਘੱਟ ਸਮਾਂ ਬਚਿਆ ਏ । ਇਸ ਲਈ, ਪ੍ਰਸ਼ਾਸਨਿਕ ਮਸ਼ੀਨਰੀ ਨੂੰ ਸਿਰਫ਼ ਕਾਗਜ਼ੀ ਕਾਰਵਾਈ 'ਤੇ ਹੀ ਨਹੀਂ, ਸਗੋਂ ਜ਼ਮੀਨੀ

ਪੱਧਰ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਏ । ਉਨ੍ਹਾਂ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਮੈਜਿਸਟ੍ਰੇਟਾਂ ਨਾਲ ਤੁਰੰਤ ਮੀਟਿੰਗਾਂ ਕਰਨ ਅਤੇ ਨੇੜਿਓਂ ਨਿਗਰਾਨੀ ਨਾਲ ਵਿਹਾਰਕ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਮੋਕੇ , ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਪੰਜਾਬ ਦੇ ਸੰਗਰੂਰ, ਤਰਨਤਾਰਨ, ਅੰਮ੍ਰਿਤਸਰ, ਪਟਿਆਲਾ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਅਤੇ ਹਰਿਆਣਾ ਦੇ ਕੈਥਲ, ਕਰਨਾਲ, ਕੁਰੂਕਸ਼ੇਤਰ, ਅੰਬਾਲਾ ਅਤੇ ਫਤਿਹਾਬਾਦ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਨਿਗਰਾਨੀ ਦਾ ਸੱਦਾ ਦਿੱਤਾ। ਇਸ ਦਾ ਉਦੇਸ਼ ਫ਼ਸਲ ਦੀ ਸਥਿਤੀ ਦਾ ਮੁਲਾਂਕਣ ਕਰਨਾ ਅਤੇ ਪਰਾਲੀ ਸਾੜਨ ਦੀਆਂ ਸੰਭਾਵੀ ਘਟਨਾਵਾਂ ਦਾ ਅਨੁਮਾਨ ਲਗਾਉਣਾ ਏ । ਮੀਟਿੰਗ ਵਿੱਚ, ਸ਼੍ਰੀ  ਚੌਹਾਨ ਨੇ ਕਿਹਾ ਕਿ ਕਿਸਾਨਾਂ ਨੂੰ ਆਸਾਨ, ਪਹੁੰਚਯੋਗ ਅਤੇ ਕਿਫਾਇਤੀ ਪਰਾਲੀ ਪ੍ਰਬੰਧਨ ਬਦਲ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਨਾ ਸਿਰਫ਼ ਪਰਾਲੀ ਸਾੜਨ 'ਤੇ ਪਾਬੰਦੀ ਲਗਾਉਣਾ ਏ ਸਗੋਂ ਇੱਕ ਮਜ਼ਬੂਤ ਪ੍ਰਣਾਲੀ ਵਿਕਸਤ ਕਰਨਾ ਵੀ ਹੈ ਜੋ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਜ਼ਰੂਰਤ ਨੂੰ ਖਤਮ ਕਰਦੀ ਏ ।

------------------------------------------------------------------

ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦਾ ਗੋਲੀ ਮਾਰ ਕੇ ਕ਼ਤਲ ਕਰਨ ਤੋਂ ਇੱਕ ਦਿਨ ਬਾਅਦ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿ ਨਸ਼ਾ ਵਿਰੋਧੀ ਕਾਰਕੁਨ ਦੀ ਇਸ ਦਿਨ-ਦਿਹਾੜੇ ਹੋਏ ਕ਼ਤਲ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। BYTE: RNU14 ਪੁਲਿਸ ਨੇ ਬੀਤੀ ਦੇਰ ਰਾਤ ਰਾਜਸਥਾਨ ਤੋਂ ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ ਏ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਉਸਦਾ ਘਰ ਢਾਹ ਦਿੱਤਾ ਏ। ਇਸ ਕ਼ਤਲ ਦੇ ਵਿਰੋਧ ਵਿੱਚ ਧਰਨੇ 'ਤੇ ਬੈਠੇ ਲੋਕਾਂ ਸਮੇਤ ਗੁੱਸੇ ਵਿੱਚ ਆਈ ਭੀੜ ਨੇ ਉਸਦੀ ਕੈਮਿਸਟ ਦੀ ਦੁਕਾਨ 'ਤੇ ਭੰਨ-ਤੋੜ ਕੀਤੀ। ਕਾਨੂੰਨ ਵਿਵਸਥਾ ਬਣਾਈ ਰੱਖਣ ਲਈ, ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਗਿਆ ਏ। ਇਸ ਦੌਰਾਨ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੇ, ਇਸ ਕਤਲ ਅਤੇ ਸੂਬੇ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਨਿੰਦਾ ਕੀਤੀ ਏ। BJP ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕਾਨੂੰਨ ਦੀ ਘਾਟ ਲਈ ਜ਼ਿੰਮੇਵਾਰ

ਠਹਿਰਾਇਆ। ਉਨ੍ਹਾਂ ਕਿਹਾ ਕਿ ਪੁਲਿਸ ਮੁਲਾਜ਼ਮਾਂ ਸਮੇਤ ਬੇਕਸੂਰ ਲੋਕਾਂ ਦੇ ਕਤਲ ਦੀਆਂ ਘਟਨਾਵਾਂ ਲਗਭਗ ਹਰ ਰੋਜ਼ ਸਾਹਮਣੇ ਆ ਰਹੀਆਂ ਨੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ , ਗ੍ਰਹਿ ਵਿਭਾਗ ਦਾ ਚਾਰਜ ਵੀ ਸੰਭਾਲ ਰਹੇ ਨੇ ਪਰ ਫਿਰ ਵੀ ਗੈਂਗਸਟਰ ਖੁੱਲ੍ਹੇ ਘੁੰਮ ਰਹੇ ਨੇ ਅਤੇ ਹਰ ਪਾਸੇ ਨਸ਼ੇ ਵਿਕ ਰਹੇ ਨੇ । ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ 6 ਪੁਲਿਸ ਕਰਮਚਾਰੀ ਮਾਰੇ ਗਏ ਨੇ ਕਈ ਪੁਲਿਸ ਥਾਣਿਆਂ 'ਤੇ ਹਮਲੇ ਹੋਏ ਨੇ ਦੋ ਰਾਜਨੀਤਿਕ ਨੇਤਾਵਾਂ 'ਤੇ ਹਮਲੇ ਹੋਏ ਨੇ । BYTE: RNU141026 ਸ਼੍ਰੀ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੋਵਾਂ ਨੇ ਪੰਜਾਬ ਦੇ ਆਪਣੇ ਹਾਲੀਆ ਦੌਰਿਆਂ ਦੌਰਾਨ ਭਰੋਸਾ ਦਿੱਤੈ ਕਿ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

---

ਸੀਮਾ ਸੁਰੱਖਿਆ ਬਲ-BSF ਨੇ ਸਰਹੱਦੀ ਜ਼ਿਲ੍ਹੇ ਤਰਨਤਾਰਨ ਵਿੱਚ ਇੱਕ ਡਰੋਨ ਵਿਰੋਧੀ ਟੀਮ ਵਿੱਚ ਤਾਇਨਾਤ ਪੰਜਾਬ ਪੁਲਿਸ ਦੇ ਇੱਕ ਕਾਂਸਟੇਬਲ ਤੋਂ 15 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ ਏ । ਸਰਹੱਦੀ ਸੁਰੱਖਿਆ ਬਲਾਂ ਨੇ ਕਾਂਸਟੇਬਲ ਨੂੰ ਖੁਫੀਆ ਸੂਚਨਾ 'ਤੇ ਉਸ ਸਮੇਂ ਗ੍ਰਿਫ਼ਤਾਰ ਕੀਤਾ ਜਦੋਂ ਉਹ ਡਰੋਨ ਰਾਹੀਂ ਸਰਹੱਦ ਪਾਰ ਤੋਂ ਇੱਕ

ਨਸ਼ੀਲੇ ਪਦਾਰਥ ਤਸਕਰ ਵੱਲੋਂ ਭੇਜੀ ਗਈ ਖੇਪ ਵਾਲੀ ਕਾਰ ਚਲਾ ਰਿਹਾ ਸੀ। ਉਸਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਅਤੇ ਕੁਝ ਨਕਦੀ ਵੀ ਬਰਾਮਦ ਕੀਤੀ ਗਈ ਏ । BSF ਸੂਤਰਾਂ ਮੁਤਾਬਿਕ ਮੁਲਜ਼ਮ ਦੀ ਪਛਾਣ ਕਰਨਬੀਰ ਸਿੰਘ ਵਜੋਂ ਹੋਈ ਏ ਜਿਸਨੂੰ ਲਗਭਗ ਇੱਕ ਮਹੀਨਾ ਪਹਿਲਾਂ ਐਂਟੀ-ਡਰੋਨ ਟੀਮ ਵਿੱਚ ਤਰਨਤਾਰਨ ਵਿੱਚ ਉਸਦੀ ਮੌਜੂਦਾ ਤਾਇਨਾਤੀ ਵਾਲੀ ਜਗ੍ਹਾ 'ਤੇ ਤਬਦੀਲ ਕੀਤਾ ਗਿਆ ਸੀ। ਅੰਤਰਰਾਸ਼ਟਰੀ ਸਰਹੱਦ ਪਾਰ ਤੋਂ ਡਰੋਨਾਂ ਵਲੋਂ ਸੁੱਟੀਆਂ ਗਈਆਂ ਸ਼ੱਕੀ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਦੀ ਨਿਗਰਾਨੀ ਅਤੇ ਰੋਕ ਲਈ ਐਂਟੀ-ਡਰੋਨ ਟੀਮਾਂ ਤਾਇਨਾਤ ਹਨ। BSF ਅਤੇ ਪੁਲਿਸ ਨੇ ਇਸ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਾਰਵਾਈ ਵਿੱਚ ਹੋਰ ਕੌਣ ਸ਼ਾਮਲ ਨੇ, ਇਹ ਪਤਾ ਲਗਾਉਣ ਲਈ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਏ ।

ਓਧਰ ਪਠਾਨਕੋਟ ਪੁਲਿਸ ਨੇ ਸਰਹੱਦ ਪਾਰੋਂ ਹੈਰੋਇਨ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਇੱਕ ਔਰਤ ਸਮੇਤ ਦੋ ਤਸਕਰਾਂ ਨੂੰ ਸਾਢੇ 7 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਐਸ.ਐਸ.ਪੀ ਮਨਪ੍ਰੀਤ ਸਿੰਘ ਨੇ ਦੱਸਿਆ । BYTE:RNU141026

ਪੁਲਿਸ ਮਾਮਲੇ ਦੀ ਅਗਲੇਰੀ ਜਾਂਚ ਕਰ ਰਹੀ ਏ ।

----------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 154 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਸੂਬੇ ਵਿੱਚ ਕਲੀਨਿਕਾਂ ਦੀ ਕੁੱਲ ਗਿਣਤੀ 1245 ਹੋ ਗਈ ਏ । ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਤਰਜੀਹ ਮਿਆਰੀ ਸਿਹਤ ਸੰਭਾਲ, ਸਿੱਖਿਆ ਅਤੇ ਰੋਜ਼ਗਾਰ ਪ੍ਰਦਾਨ ਕਰਨਾ ਏ । ਚੱਬੇਵਾਲ ਦੇ ਪਿੰਡ ਹਰਖੋਵਾਲ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਲੀਨਿਕਾਂ ਵਿੱਚ 6 ਕਰੋੜ 48 ਲਖ ਤੋਂ ਵੱਧ ਓ.ਪੀ.ਡੀ. ਦਾ ਜ਼ਿਕਰ ਕੀਤਾ। ਮੁੱਖ ਮੰਤਰੀ ਨੇ ਕਿਹਾ ਇਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਨੇ ਮੁਫ਼ਤ ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਪ੍ਰਾਪਤ ਕੀਤੀ ਏ । ਨਵੇਂ ਸਮਰਪਿਤ ਕੀਤੇ ਗਏ ਕਲੀਨਿਕਾਂ ਵਿੱਚੋਂ 36 ਅੰਮ੍ਰਿਤਸਰ ਵਿੱਚ, 26 ਪਟਿਆਲਾ ਵਿੱਚ, 17 ਲੁਧਿਆਣਾ ਵਿੱਚ, 12 ਗੁਰਦਾਸਪੁਰ ਵਿੱਚ, 11 ਜਲੰਧਰ ਵਿੱਚ ਅਤੇ 10 ਮੋਹਾਲੀ ਜ਼ਿਲ੍ਹੇ ਵਿੱਚ ਨੇ ਇਸ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਵਿੱਚ ਵੀ ਕਲੀਨਿਕ ਸਥਾਪਤ ਕੀਤੇ ਗਏ ਨੇ ।

----------------------------------------------------------------------

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ

ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਕਰਵਾਏ ਜਾ ਰਹੇ ਸਕੂਲ ਪੱਧਰੀ ਮੁਕਾਬਲਿਆਂ ਵਿੱਚ ਸੂਬੇ ਭਰ ਦੇ ਕਰੀਬ 4,500 ਸਕੂਲਾਂ ਦੇ 5,52,677 ਵਿਦਿਆਰਥੀਆਂ ਨੇ ਭਾਗ ਲਿਆ ਏ । ਇਨ੍ਹਾਂ ਮੁਕਾਬਲਿਆਂ ਵਿੱਚ ਪ੍ਰਸ਼ਨੋਤਰੀ, ਚਿੱਤਰਕਾਰੀ, ਲੇਖ ਰਚਨਾ ਅਤੇ ਭਾਸ਼ਣ ਮੁਕਾਬਲੇ ਸ਼ਾਮਲ ਨੇ ਜਿਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਮਹਾਨ ਗੁਰੂ ਜੀ ਵੱਲੋਂ ਦਿੱਤੇ ਬਰਾਬਰੀ, ਸਮਾਜਿਕ ਸਦਭਾਵਨਾ ਅਤੇ ਨਿਆਂ ਦੇ ਸੰਦੇਸ਼ ਨਾਲ ਜੋੜਨਾ ਏ। ਸ੍ਰੀ ਸੌਂਦ ਨੇ ਕਿਹਾ ਕਿ ਇਨ੍ਹਾਂ ਸਕੂਲ ਪੱਧਰੀ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਸਿੱਖਿਆਵਾਂ ਅਤੇ ਫ਼ਲਸਫ਼ੇ ਤੋਂ ਜਾਣੂ ਕਰਵਾਉਣਾ ਏ ।

---------------------------------------------------------------------

ਪੰਜਾਬ ਦੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਕਰ ਵਿਭਾਗ ਨੇ 429 ਕਰੋੜ ਰੁਪਏ ਦੇ ਜੀ.ਐਸ.ਟੀ. ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼ ਕੀਤਾ I ਵੇਰਵੇ ਸਾਂਝੇ ਕਰਦਿਆਂ ਮੰਤਰੀ ਨੇ ਕਿਹਾ ਕਿ ਇਸ ਸ਼ੱਕੀ ਟੈਕਸ ਚੋਰੀ ਵਿੱਚ 2 ਹਜ਼ਾਰ 410 ਕਰੋੜ 22 ਲਖ ਰੁਪਏ ਦੀ ਵੱਡੀ ਟੈਕਸਯੋਗ ਰਕਮ ਸ਼ਾਮਲ ਏ ਜਿਸ ਨਾਲ 429 ਕਰੋੜ 30 ਲੱਖ ਰੁਪਏ ਦਾ ਜੀ.ਐਸ.ਟੀ.

ਘੁਟਾਲਾ ਹੋਇਆ ਏ। ਵਿੱਤ ਮੰਤਰੀ ਚੀਮਾ ਨੇ ਦਸਿਆ ਕਿ ਇਸੇ ਤਹਿਤ ਕਾਰਵਾਈ ਕਰਦਿਆਂ ਲੁਧਿਆਣਾ ਵਿਖੇ ਸ੍ਰੀ ਬਾਲਾਜੀ ਟਰਾਂਸਪੋਰਟ ਕੰਪਨੀ ਦੇ ਮਾਲਕ ਹਰਸ਼ ਥਾਪਰ, ਅਤੇ ਉਸਦੇ ਸਾਥੀਆਂ ਸੰਮੀ ਧੀਮਾਨ, ਜੱਸ ਅਤੇ ਹੋਰਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ। ਵਿੱਤ ਮੰਤਰੀ ਨੇ ਦੱਸਿਆ ਕਿ ਬਾਅਦ ਵਿੱਚ ਕੀਤੀ ਗਈ ਜਾਂਚ ਦੌਰਾਨ ਜਾਅਲੀ ਦਸਤਾਵੇਜ਼ਾਂ ਰਾਹੀਂ ਸਾਮਾਨ ਢੋਹਣ ਵਾਲੇ ਸੰਗਠਿਤ ਸਿੰਡੀਕੇਟ ਦਾ ਖੁਲਾਸਾ ਹੋਇਆ। ਉਨ੍ਹਾਂ ਕਿਹਾ, "ਐਡਵਾਂਸ ਡਾਟਾ ਐਨਾਲਿਟਿਕਸ ਅਤੇ ਈ-ਵੇਅ ਬਿੱਲ ਰਿਕਾਰਡਾਂ ਦੀ ਬਾਰੀਕੀ ਨਾਲ ਜਾਂਚ ਕਰਨ ਤੋਂ ਬਾਅਦ, ਵਿਭਾਗ ਨੇ ਵੱਖ-ਵੱਖ ਰਾਜਾਂ ਵਿੱਚ ਚੱਲ ਰਹੀਆਂ 62 ਆਪਸ ਵਿੱਚ ਜੁੜੀਆਂ ਫਰਮਾਂ ਦੇ ਜਾਲ ਦੀ ਪਛਾਣ ਕੀਤੀ ਏ ਜਿਨ੍ਹਾਂ ਵਿੱਚੋਂ 25 ਪੰਜਾਬ ਵਿੱਚ ਸਰਗਰਮ ਨੇ। ਉਨ੍ਹਾਂ ਕਿਹਾ ਕਿ ਕੋਈ ਵੀ ਕਾਨੂੰਨ ਤੋਂ ਉੱਪਰ ਨਹੀਂ ਏ ਅਤੇ ਸੂਬਾ ਸਰਕਾਰ ਮੁਲਜ਼ਮਾਂ ਨੂੰ ਸਜ਼ਾ ਦਿਵਾਉਣ ਲਈ ਵਚਨਬੱਧ ਏ I

---

ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਉਪ ਚੇਅਰਮੈਨ ਅਨਿਲ ਠਾਕੁਰ ਨੇ ਅੱਜ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਬਕਾਇਆ ਸ਼ਿਕਾਇਤਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦਾ ਜਲਦ ਨਿਪਟਾਰਾ ਕਰਨ ਦੇ

ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ 'ਮੇਰੀ ਦੁਕਾਨ ਮੇਰੇ ਨਾਮ' ਯੋਜਨਾ ਨਾਲ ਸੂਬੇ ਦੇ ਲਗਭਗ 8,500 ਦੁਕਾਨਦਾਰਾਂ ਨੂੰ ਕਿਰਾਏ ਵਾਲੀਆਂ ਸਰਕਾਰੀ ਦੁਕਾਨਾਂ ਦਾ ਲਾਭ ਮਿਲਣ ਦੀ ਉਮੀਦ ਏ ।

BYTE:RNU141026

ਇਹ ਸਮੀਖਿਆ ਮੀਟਿੰਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਕੰਮ ਕਰ ਰਹੇ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ। ਮੀਟਿੰਗ ਵਿੱਚ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਉਪ ਚੇਅਰਮੈਨ ਨੇ ਵਿਸ਼ੇਸ਼ ਤੌਰ 'ਤੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ , ਗਮਾਡਾ ਅਤੇ ਸਥਾਨਕ ਸਰਕਾਰਾਂ ਵਿਭਾਗ ਨੂੰ ਬਕਾਇਆ ਸ਼ਿਕਾਇਤਾਂ ਦਾ ਬਿਨਾਂ ਹੋਰ ਦੇਰੀ ਨਿਪਟਾਰਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਵਪਾਰੀਆਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਬੇਲੋੜੀ ਦੇਰੀ ਦਾ ਸਾਹਮਣਾ ਨਾ ਕਰਨਾ ਪਵੇ।

---

ਪੰਜਾਬ BJP ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਅੱਜ ਕਾਂਗਰਸ 'ਤੇ ਦੇਸ਼ ਭਰ ਵਿੱਚ ਆਪਣਾ ਸਮਰਥਨ ਅਧਾਰ ਗੁਆਉਣ ਤੋਂ ਬਾਅਦ, ਚੋਣ ਕਮਿਸ਼ਨ ਵਰਗੀਆਂ ਸੰਵਿਧਾਨਕ ਸੰਸਥਾਵਾਂ ਨੂੰ ਨਿਸ਼ਾਨਾ ਬਣਾਉਣ ਦਾ ਇਲਜ਼ਾਮ ਲਗਾਇਆ। ਚੰਡੀਗੜ੍ਹ ਵਿੱਚ ਪੰਜਾਬ ਦੇ ਮੁੱਖ ਚੋਣ ਅਧਿਕਾਰੀ

ਦੇ ਦਫ਼ਤਰ ਦੇ ਬਾਹਰ ਪੱਤਰਕਾਰਾਂ  ਨਾਲ ਗੱਲ ਕਰਦਿਆਂ, ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ- SIR ਪੰਜਾਬ ਵਿੱਚ ਤਸੱਲੀਬਖਸ਼ ਢੰਗ ਨਾਲ ਪੂਰੀ ਹੋ ਗਈ ਏ ਅਤੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਇਸ ਪ੍ਰਕਿਰਿਆ ਦੀ ਸ਼ਲਾਘਾ ਕੀਤੀ ਏ ਅਤੇ ਮੁੱਖ ਚੋਣ ਅਧਿਕਾਰੀ ਦਾ ਵੀ ਧੰਨਵਾਦ ਕੀਤਾ ਏ। ਹਾਲਾਂਕਿ, BJP ਨੇਤਾ ਨੇ ਕਿਹਾ ਕਿ ਹੁਣ ਪੰਜਾਬ ਕਾਂਗਰਸ ਦੇ ਨੇਤਾ SIR ਦਾ ਵਿਰੋਧ ਕਰਨ ਲਈ ਦਿੱਲੀ ਜਾ ਰਹੇ ਨੇ। ਉਨ੍ਹਾਂ  ਕਿਹਾ ਕਿ ਆਮ ਆਦਮੀ ਪਾਰਟੀ  ਨੇਤਾਵਾਂ ਨੇ 10 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਵੀ ਇਸ ਅਭਿਆਸ ਦਾ ਵਿਰੋਧ ਕੀਤਾ ਸੀ, ਜਦੋਂ ਕਿ ਦੋਵਾਂ ਪਾਰਟੀਆਂ ਦੇ ਨੁਮਾਇੰਦਿਆਂ  ਨੇ 12 ਅਕਤੂਬਰ ਨੂੰ ਮੁੱਖ ਚੋਣ ਅਧਿਕਾਰੀ ਦਾ ਧੰਨਵਾਦ ਕੀਤਾ ਸੀ। ਸ੍ਰੀ ਜਾਖੜ ਨੇ ਕਿਹਾ ਕਿ ਵਿਰੋਧੀ ਧਿਰ ਆਪਣਾ ਗੁਆਚਿਆ ਸਮਰਥਨ ਮੁੜ ਪ੍ਰਾਪਤ ਕਰਨ ਲਈ ਇਸ ਅਭਿਆਸ ਨੂੰ ਇੱਕ ਰਾਜਨੀਤਿਕ ਮੁੱਦੇ ਵਿੱਚ ਬਦਲ ਰਹੀ ਏ। ਉਨ੍ਹਾਂ ਪੁੱਛਿਆ ਕਿ ਜੇਕਰ SIR ਪੰਜਾਬ ਵਿੱਚ ਸਹੀ ਢੰਗ ਨਾਲ ਪੂਰਾ ਹੋ ਗਿਆ ਏ , ਤਾਂ ਉਹੀ ਅਭਿਆਸ, ਜੋ ਇੱਕੋ ਜਿਹੇ ਨਿਯਮਾਂ ਅਧੀਨ ਕੀਤਾ ਗਿਆ ਸੀ, ਦੂਜੇ ਰਾਜਾਂ ਵਿੱਚ ਕਿਵੇਂ ਗਲਤ ਹੋ ਸਕਦਾ ਏ ?

---

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਪੱਛਮੀ

ਰਾਜਸਥਾਨ ਵਿੱਚ ਗਰਜ-ਚਮਕ ਨਾਲ ਗੜੇਮਾਰੀ ਦੀ ਪੇਸ਼ੀਨਗੋਈ ਕੀਤੀ ਏ ।

---------------------------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ ਅੱਜ ਹੈਦਰਾਬਾਦ ਦੇ ਰਾਜੀਵ ਗਾਂਧੀ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਐਤਵਾਰ ਨੂੰ ਇੰਦੌਰ ਵਿੱਚ ਖੇਡੇ ਗਏ ਤੀਜੇ ਟੀ-20 ਮੈਚ ਵਿੱਚ ਵੈਸਟਇੰਡੀਜ਼ ਨੂੰ 14 ਦੌੜਾਂ ਨਾਲ ਹਰਾਉਣ ਤੋਂ ਬਾਅਦ, ਭਾਰਤ ਪੰਜ ਮੈਚਾਂ ਦੀ ਲੜੀ ਵਿੱਚ 2-1 ਨਾਲ ਅੱਗੇ ਏ ।

---------------------------------------------------------------------

## <u>ਖਾਸ ਖਬਰਾਂ ਇੱਕ ਵਾਰ ਫੇਰ ਸੁਣ ਲਓ</u>

- ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪੰਜਾਬ ਤੇ ਹਰਿਆਣਾ ਵਿਚ, ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ।

- ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦਾ ਕਥਿਤ ਕਾਤਲ ਗਿਰਫ਼ਤਾਰ -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਇਸ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ।
- BSF ਨੇ ਤਰਨਤਾਰਨ ਦੀ ਡਰੋਨ ਵਿਰੋਧੀ ਟੀਮ ਵਿੱਚ ਤਾਇਨਾਤ ਪੰਜਾਬ ਪੁਲਿਸ ਦੇ ਕਾਂਸਟੇਬਲ ਤੋਂ 15 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ I
- ਪੰਜਾਬ ਕਰ ਵਿਭਾਗ ਵਲੋਂ 429 ਕਰੋੜ ਰੁਪਏ ਦੇ ਜੀ.ਐਸ.ਟੀ. ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼-ਲੁਧਿਆਣਾ ਵਿੱਚ ਇੱਕ ਟਰਾਂਸਪੋਰਟਰ ਅਤੇ ਦੋ ਸਾਥੀਆਂ ਖ਼ਿਲਾਫ਼ ਮਾਮਲਾ ਦਰਜ I
- -ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ, ਅੱਜ ਹੈਦਰਾਬਾਦ ਵਿੱਚ ਸ਼ਾਮ 7 ਵਜੇ ਵਿੱਚ ਖੇਡਿਆ ਜਾਵੇਗਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅ**
**ਗਲਾ ਬੁਲੇਟਿਨ ਤੁਸੀਂ ਸੁਣੋਗ 8.30**

**ਨਮਸਕਾਰ**